15ਵੀਂ ਵਿਧਾਨ ਸਭਾ
ਪੰਜਵਾਂ ਸਮਾਗਮ

# ਪੰਜਾਬ ਵਿਧਾਨ ਸਭਾ

ਬੁਲੇਟਿਨ ਨੰ: 2

ਸੋਮਵਾਰ, 27 ਅਗਸਤ, 2018

(02.00 ਵਜੇ ਬਾਅਦ ਦੁਪਹਿਰ ਤੋਂ 06.30 ਸ਼ਾਮ ਤੱਕ)

1. **ਪ੍ਰਸ਼ਨ**

(ੳ) ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 12 | 01 | 02 | 05 | 23 |

(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ: 08

2. **ਮਾਨਯੋਗ ਸਪੀਕਰ ਦੁਆਰਾ ਸਭਾਪਤੀ ਨਾਮਾਵਲੀ ਸਬੰਧੀ ਐਲਾਨ:**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਨਿਯਮ 13 (1) ਅਧੀਨ ਨਿਮਨਲਿਖਤ ਮਾਨਯੋਗ ਮੈਂਬਰਾਂ ਨੂੰ ਸਭਾਪਤੀ ਨਾਮਾਵਲੀ ਲਈ ਨਾਮਜ਼ਦ ਕਰਨ ਸਬੰਧੀ ਐਲਾਨ ਕੀਤਾ:

1. ਸਰਦਾਰ ਪਰਗਟ ਸਿੰਘ
2. ਸਰਦਾਰ ਪਰਮਿੰਦਰ ਸਿੰਘ ਪਿੰਕੀ
3. ਸ਼੍ਰੀ ਅਮਨ ਅਰੋੜਾ
4. ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ

3. **ਸਕੱਤਰ ਦੁਆਰਾ ਐਲਾਨ:**

ਸਕੱਤਰ ਵੱਲੋਂ 14ਵੀਂ ਅਤੇ 15ਵੀਂ ਵਿਧਾਨ ਸਭਾ ਦੁਆਰਾ ਇਸ ਦੇ ਕ੍ਰਮਵਾਰ ਨੌਵੇਂ ਅਤੇ ਚੌਥੇ ਸਮਾਗਮਾਂ ਦੌਰਾਨ ਪਾਸ ਕੀਤੇ ਗਏ ਬਿਲਾਂ, ਜਿਨ੍ਹਾਂ ਤੇ ਰਾਸ਼ਟਰਪਤੀ ਜੀ ਅਤੇ ਰਾਜਪਾਲ ਜੀ ਨੇ ਆਪਣੀ ਸਹਿਮਤੀ ਦੇ ਦਿੱਤੀ ਹੈ, ਦਾ ਵੇਰਵਾ ਸਦਨ ਦੀ ਮੇਜ਼ ਤੇ ਰੱਖਿਆ ਗਿਆ।

4. **ਵਾਕ ਆਊਟ**

ਸਰਦਾਰ ਪਿਰਮਲ ਸਿੰਘ ਧੌਲਾ, ਸਰਦਾਰ ਜਗਦੇਵ ਸਿੰਘ, ਸਰਦਾਰ ਬਲਦੇਵ ਸਿੰਘ, ਸਰਦਾਰ ਨਾਜਰ ਸਿੰਘ ਮਾਨਸ਼ਾਹੀਆ, ਸਰਦਾਰ ਸੁਖਪਾਲ ਸਿੰਘ ਖਹਿਰਾ, ਸ਼੍ਰੀ ਕੰਵਰ ਸੰਧੂ, ਸਰਦਾਰ ਜਗਤਾਰ ਸਿੰਘ ਜੱਗਾ ਹਿੱਸੋਵਾਲ, ਸ਼੍ਰੀ ਜੈ ਕ੍ਰਿਸ਼ਨ ਸਿੰਘ ਆਮ ਆਦਮੀ ਪਾਰਟੀ ਦੇ ਮੈਂਬਰ ਅਤੇ ਲੋਕ ਇਨਸਾਫ਼ ਪਾਰਟੀ ਦੇ ਦੋਵੇਂ ਮੈਂਬਰ ਜਸਟਿਸ ਨਾਰੰਗ ਕਮਿਸ਼ਨ ਅਤੇ ਪਿਛਲੇ ਸੈਸ਼ਨ ਦੌਰਾਨ ਕਿਸਾਨ ਖੁਦਕੁਸ਼ੀਆਂ ਸਬੰਧੀ ਸਦਨ ਦੀ ਕਮੇਟੀ ਵਲੋਂ ਸਦਨ ਵਿੱਚ ਪੇਸ਼ ਕੀਤੀ ਗਈ ਰਿਪੋਰਟ ਤੇ ਬਹਿਸ ਲਈ ਸਦਨ ਵਿੱਚ ਸਮਾਂ ਨਾ ਰੱਖਣ ਕਾਰਨ ਰੋਸ ਵਜੋਂ ਸਦਨ ਵਿੱਚੋ ਨਾਅਰੇ ਮਾਰਦੇ ਹੋਏ ਵਾਕ ਆਊਟ ਕਰ ਗਏ।

5. **ਧਿਆਨ ਦਿਵਾਊ ਨੋਟਿਸ**

1. ਧਿਆਨ ਦਿਵਾਊ ਨੋਟਿਸ ਨੰ: 1 ਪੇਸ਼ ਨਹੀਂ ਕੀਤਾ ਗਿਆ।

2. ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਐਮ.ਐਲ.ਏ, ਸ਼੍ਰੀ ਸੋਮ ਪ੍ਰਕਾਸ਼, ਐਮ.ਐਲ.ਏ, ਸਰਦਾਰ ਸ਼ਰਨਜੀਤ ਸਿੰਘ ਢਿੱਲੋਂ, ਐਮ.ਐਲ.ਏ ਅਤੇ ਸ਼੍ਰੀ ਅਮਨ ਅਰੋੜਾ, ਐਮ.ਐਲ.ਏ ਵਲੋਂ ਪੰਜਾਬ ਵਿੱਚ ਜਬਤ ਕੀਤੇ ਗਏ ਨਕਲੀ ਦੁੱਧ ਤੋਂ ਬਣੇ ਉਤਪਾਦ ਅਤੇ ਵਰਤੇ ਜਾ ਰਹੇ ਕੈਮੀਕਲਾਂ ਦੀ ਮਿਲਾਵਟ ਵਿਰੁੱਧ ਸਖਤ ਕਾਨੂੰਨ ਬਣਾਉਣ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 4 ਅਤੇ 7)

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਨੇ ਜਵਾਬ ਦਿੱਤਾ।

3. ਧਿਆਨ ਦਿਵਾਊ ਨੋਟਿਸ ਨੰ: 5 ਪੇਸ਼ ਨਹੀਂ ਕੀਤਾ ਗਿਆ।

30/8/18
Chief Reporter
Punjab Vidhan Sabha Sectt.
Chandigarh

Scanned by CamScanner

6. ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੁਆਰਾ 27 ਅਗਸਤ, 2018 ਤੋਂ 28 ਅਗਸਤ, 2018 ਤੱਕ ਕੀਤੇ ਜਾਣ ਵਾਲੇ ਕੰਮ-ਕਾਰ ਸਬੰਧੀ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਸਦਨ ਵਿਚ ਪੇਸ਼ ਕੀਤੀ।

ਸੰਸਦੀ ਮਾਮਲੇ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :-

"ਕਿ ਇਹ ਸਦਨ ਕਾਰਜ-ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।"

ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ ਨੇ ਰਿਪੋਰਟ ਤੇ ਬਹਿਸ ਵਿਚ ਹਿੱਸਾ ਲਿਆ ਅਤੇ 01 ਮਿੰਟ ਲਈ ਬੋਲੇ।

7. ਰਿਪੋਰਟਾਂ ਪੇਸ਼ ਕਰਨਾ

1. ਵਿਸ਼ੇਸ਼ ਅਧਿਕਾਰ ਕਮੇਟੀ ਦੇ ਸਭਾਪਤੀ (ਸਰਦਾਰ ਕੁਸਲਦੀਪ ਸਿੰਘ ਕਿੱਕੀ ਢਿਲੋਂ) ਨੇ ਵਿਸ਼ੇਸ਼ ਅਧਿਕਾਰ ਦੇ ਉਠਾਏ ਗਏ ਮਾਮਲਿਆਂ ਸੰਬੰਧੀ ਨਿਮਨਲਿਖਤ ਦੂਜੀ ਅੰਤ੍ਰਿਮ ਰਿਪੋਰਟਾਂ ਪੇਸ਼ ਕੀਤੀਆਂ:

i) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਵੱਲੋਂ ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ ਵਿਰੁੱਧ;

ii) ਸਰਦਾਰ ਕੁਲਬੀਰ ਸਿੰਘ ਜ਼ੀਰਾ, ਐਮ.ਐਲ.ਏ ਵੱਲੋਂ ਸਰਦਾਰ ਸਿਮਰਜੀਤ ਸਿੰਘ ਬੈਂਸ, ਐਮ.ਐਲ.ਏ ਵਿਰੁੱਧ;

iii) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਵੱਲੋਂ ਸ਼੍ਰੀ ਪਵਨ ਕੁਮਾਰ ਟੀਨੂ ਐਮ.ਐਲ.ਏ ਵਿਰੁੱਧ;

iv) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਵੱਲੋਂ ਸਰਦਾਰ ਸੁਖਬੀਰ ਸਿੰਘ ਬਾਦਲ, ਐਮ.ਐਲ.ਏ ਵਿਰੁੱਧ; ਅਤੇ

v) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ, ਵਲੋਂ ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ ਵਿਰੁੱਧ ਉਠਾਏ ਗਏ ਵਿਸ਼ੇਸ਼ ਅਧਿਕਾਰ ਦੇ ਮਾਮਲੇ ਸਬੰਧੀ ਵਿਸ਼ੇਸ਼ ਅਧਿਕਾਰ ਕਮੇਟੀ ਦੀ ਅੰਤ੍ਰਿਮ ਰਿਪੋਰਟ ਪੇਸ਼ ਕੀਤੀ।

8. ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ

ਸੰਸਦੀ ਮਾਮਲੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: VI ਅਧੀਨ ਦਰਸਾਏ ਗਏ ਲੜੀ ਨੰ: 1 ਤੋਂ 10 ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

9. ਵਾਕ ਆਊਟ

ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਸਦਨ ਵਿੱਚ ਹਾਜ਼ਰ ਮੈਂਬਰ 1984 ਦੇ ਸਿੱਖ ਕਤਲੇਆਮ ਦੌਰਾਨ ਕਾਂਗਰਸ ਪਾਰਟੀ ਦਾ ਹੱਥ ਨਾ ਹੋਣ ਸਬੰਧੀ ਕਾਂਗਰਸ ਦੇ ਇਕ ਨੇਤਾ ਵਲੋਂ ਦਿੱਤੇ ਬਿਆਨ ਦੇ ਰੋਸ ਵਜੋਂ ਸਦਨ ਵਿਚੋਂ ਨਾਅਰੇ ਮਾਰਦੇ ਹੋਏ ਵਾਕ ਆਊਟ ਕਰ ਗਏ।

10. ਸਰਕਾਰੀ ਮਤਾ

ਕੈਪਟਨ ਅਮਰਿੰਦਰ ਸਿੰਘ, ਮੁੱਖ ਮੰਤਰੀ ਵਲੋਂ ਹੇਠ ਲਿਖਿਆ ਮਤਾ ਸਦਨ ਵਿਚ ਪੇਸ਼ ਕੀਤਾ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

"ਕਿ ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਉਹ ਭਾਰਤ ਸਰਕਾਰ ਨਾਲ ਇਹ ਮਾਮਲਾ ਉਠਾਵੇ ਕਿ ਪਾਕਿਸਤਾਨ ਦੀ ਸਰਕਾਰ ਵਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਜਨਮ ਦਿਹਾੜੇ ਦੀ ਖੁਸ਼ੀ ਵਿੱਚ ਪਾਕਿਸਤਾਨ ਵਿੱਚ ਸਥਿਤ ਪਵਿੱਤਰ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਨੂੰ ਡੇਰਾ ਬਾਬਾ

30/8/18
Chief Reporter
Punjab Vidhan Sabha Sectt.
Chandigarh

Scanned by CamScanner

ਨਾਨਕ (ਜ਼ਿਲ੍ਹਾ ਗੁਰਦਾਸਪੁਰ) ਤੋਂ ਨਿਰਵਿਘਨ ਲਾਂਘਾ ਦਿੱਤਾ ਜਾਵੇ ਤਾਂ ਜੋ ਸੰਗਤਾਂ ਬਿਨਾਂ ਕਿਸੇ ਰੋਕ ਟੋਕ ਤੋਂ ਇਸ ਪਵਿੱਤਰ ਅਸਥਾਨ ਦੇ ਦਰਸ਼ਨ ਕਰ ਸਕਣ। "

ਮਤਾ ਪੇਸ਼ ਕਰਦੇ ਹੋਏ ਮਾਨਯੋਗ ਮੁੱਖ ਮੰਤਰੀ 02 ਮਿੰਟ ਲਈ ਬੋਲੇ।

**11. ਵਿਧਾਨਕ ਕੰਮ-ਕਾਰ**

1. ਪੰਜਾਬ ਰਾਜ ਵਿਧਾਨ ਮੰਡਲ (ਅਯੋਗਤਾ ਤੇ ਰੋਕ) ਸੋਧਨਾ ਬਿਲ, 2018

ਸੰਸਦੀ ਮਾਮਲੇ ਮੰਤਰੀ ਨੇ ਪੰਜਾਬ ਰਾਜ ਵਿਧਾਨ ਮੰਡਲ (ਅਯੋਗਤਾ ਤੇ ਰੋਕ) ਸੋਧਨਾ ਬਿਲ, 2018 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 02 ਮਿੰਟ |
| 2. | ਸ਼੍ਰੀ ਸੋਮ ਪ੍ਰਕਾਸ਼, ਭਾਰਤੀ ਜਨਤਾ ਪਾਰਟੀ | 02 ਮਿੰਟ |
| 3. | ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ | 01 ਮਿੰਟ |
| 4. | ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |
| 5. | ਸ਼੍ਰੀ ਗੁਰਮੀਤ ਸਿੰਘ ਮੀਤ ਹੇਹਰ, ਆਮ ਆਦਮੀ ਪਾਰਟੀ | 01 ਮਿੰਟ |
| 6. | ਸਰਦਾਰ ਰਣਦੀਪ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ | 02 ਮਿੰਟ |
| 7. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 01 ਮਿੰਟ |
| 8. | ਸਰਦਾਰ ਸੁਖਪਾਲ ਸਿੰਘ ਖਹਿਰਾ, ਆਮ ਆਦਮੀ ਪਾਰਟੀ | 02 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੇ 3 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸੰਸਦੀ ਮਾਮਲੇ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਪੰਜਾਬ ਰਾਜ ਵਿਧਾਨ ਮੰਡਲ (ਅਯੋਗਤਾ ਤੇ ਰੋਕ) ਸੋਧਨਾ ਬਿਲ, 2018 ਪਾਸ ਕੀਤਾ ਜਾਵੇ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 02 ਮਿੰਟ ਲਈ ਬੋਲੇ।

**12. ਸਦਨ ਨੂੰ ਥੋੜ੍ਹੇ ਸਮੇਂ ਲਈ ਸਥਗਿਤ ਕਰਨਾ**

ਮਾਨਯੋਗ ਸਪੀਕਰ ਵੱਲੋਂ ਸਦਨ 04.34 ਵਜੇ ਬਾਅਦ ਦੁਪਹਿਰ ਤੋਂ 05.04 ਵਜੇ ਬਾਅਦ ਦੁਪਹਿਰ ਤੱਕ ਅੱਧੇ ਘੰਟੇ ਲਈ, ਸਥਗਿਤ ਕੀਤਾ ਗਿਆ।

**13. ਮਾਨਯੋਗ ਸਪੀਕਰ ਦੁਆਰਾ ਪ੍ਰੇਖਣ**

ਮਾਨਯੋਗ ਸਪੀਕਰ ਵੱਲੋਂ ਸਦਨ ਵਿੱਚ ਇਹ ਪ੍ਰੇਖਣ ਕੀਤਾ ਗਿਆ ਕਿ ਸਦਨ ਵਿੱਚ ਆਵੇਸ਼ ਵਿੱਚ ਆ ਕੇ ਕੋਈ ਵੀ ਮੈਂਬਰ ਅਜਿਹੀ ਭਾਸ਼ਾ ਦੀ ਵਰਤੋਂ ਨਾ ਕਰੇ ਜਿਹੜੀ ਇਤਰਾਜ਼ਯੋਗ ਹੋਵੇ ਕਿਉਂਕਿ ਸਾਰੀਆਂ ਸਿਆਸੀ ਪਾਰਟੀਆਂ ਦੇ ਚੋਟੀ ਦੇ ਸਿਆਸਤਦਾਨ ਇਸ ਪਵਿੱਤਰ ਹਾਊਸ ਦੀ ਸ਼ੋਭਾ ਵਧਾਉਂਦੇ ਹਨ ਤੇ ਰਲ ਮਿਲ ਕੇ ਹੀ ਸੂਬੇ ਦੇ ਵਿਕਾਸ ਤੇ ਬਿਹਤਰੀ ਲਈ ਕੰਮ ਕਰਦੇ ਹਨ ।

**14. ਵਿਧਾਨਕ ਕੰਮ-ਕਾਰ ਮੁੜ ਆਰੰਭ ਕਰਨਾ**

2. ਪੰਜਾਬ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ (ਸੇਵਾਵਾਂ ਵਿੱਚ ਰਾਖਵਾਂਕਰਨ) ਸੋਧਨਾ ਬਿਲ, 2018

ਅਨੁਸੂਚਿਤ ਜਾਤੀਆਂ ਤੇ ਪਛੜੀਆਂ ਸ਼੍ਰੇਣੀਆਂ ਦੀ ਭਲਾਈ ਮੰਤਰੀ ਨੇ ਪੰਜਾਬ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ (ਸੇਵਾਵਾਂ ਵਿੱਚ ਰਾਖਵਾਂਕਰਨ) ਸੋਧਨਾ ਬਿਲ, 2018 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

30/8/18
Chief Reporter
Punjab Vidhan Sabha Sectt.
Chandigarh

Scanned by CamScanner

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਮਿਸ ਰੁਪਿੰਦਰ ਕੌਰ ਰੂਬੀ, ਆਮ ਆਦਮੀ ਪਾਰਟੀ | 03 ਮਿੰਟ |
| 2. | ਸ਼੍ਰੀ ਸੋਮ ਪ੍ਰਕਾਸ਼, ਭਾਰਤੀ ਜਨਤਾ ਪਾਰਟੀ | 01 ਮਿੰਟ |
| 3. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 01 ਮਿੰਟ |
| 4. | ਸ਼੍ਰੀ ਪਵਨ ਕੁਮਾਰ ਟੀਨੂ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |
| 5. | ਡਾ. ਰਾਜ ਕੁਮਾਰ ਵੇਰਕਾ, ਇੰਡੀਅਨ ਨੈਸ਼ਨਲ ਕਾਂਗਰਸ | 03 ਮਿੰਟ |
| 6. | ਸ਼੍ਰੀਮਤੀ ਸਰਵਜੀਤ ਕੌਰ ਮਾਣੂਕੇ, ਆਮ ਆਦਮੀ ਪਾਰਟੀ | 01 ਮਿੰਟ |
| 7. | ਸਰਦਾਰ ਸੁਖਪਾਲ ਸਿੰਘ ਖਹਿਰਾ, ਆਮ ਆਦਮੀ ਪਾਰਟੀ | 02 ਮਿੰਟ |
| 8. | ਸਰਦਾਰ ਚਰਨਜੀਤ ਸਿਘ ਚੰਨੀ, ਤਕਨੀਕੀ ਸਿੱਖਿਆ ਮੰਤਰੀ | 02 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਰਬਸਮੰਤੀ ਨਾਲ ਪ੍ਰਵਾਨ ਹੋਏ।

ਅਨੁਸੂਚਿਤ ਜਾਤੀਆਂ ਤੇ ਪਛੜੀਆਂ ਸ਼੍ਰੇਣੀਆਂ ਦੀ ਭਲਾਈ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਪੰਜਾਬ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ (ਸੇਵਾਵਾਂ ਵਿੱਚ ਰਾਖਵਾਂਕਰਨ) ਸੋਧਨਾ ਬਿਲ, 2018 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸਮੰਤੀ ਨਾਲ ਪ੍ਰਵਾਨ ਹੋਇਆ।

## 3. ਪੰਜਾਬ ਮਿਊਂਸਪਲ ਬੁਨਿਆਦੀ ਢਾਂਚਾ ਵਿਕਾਸ ਫੰਡ (ਸੋਧਨਾ) ਬਿਲ, 2018

ਸਥਾਨਕ ਸਰਕਾਰ ਮੰਤਰੀ ਨੇ ਪੰਜਾਬ ਮਿਊਂਸਪਲ ਬੁਨਿਆਦੀ ਢਾਂਚਾ ਵਿਕਾਸ ਫੰਡ (ਸੋਧਨਾ) ਬਿਲ, 2018 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਪ੍ਰੋ. ਬਲਜਿੰਦਰ ਕੌਰ, ਆਮ ਆਦਮੀ ਪਾਰਟੀ | 03 ਮਿੰਟ |
| 2. | ਸਰਦਾਰ ਪਰਮਿੰਦਰ ਸਿੰਘ ਢੀਂਡਸਾ, ਸ਼੍ਰੋਮਣੀ ਅਕਾਲੀ ਦਲ | 07 ਮਿੰਟ |
| 3. | ਸਰਦਾਰ ਕੁਲਜੀਤ ਸਿੰਘ ਨਾਗਰਾ, ਇੰਡੀਅਨ ਨੈਸ਼ਨਲ ਕਾਂਗਰਸ | 04 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸਥਾਨਕ ਸਰਕਾਰ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਪੰਜਾਬ ਮਿਊਂਸਪਲ ਬੁਨਿਆਦੀ ਢਾਂਚਾ ਵਿਕਾਸ ਫੰਡ (ਸੋਧਨਾ) ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਸਰਦਾਰ ਨਵਜੋਤ ਸਿੰਘ ਸਿੱਧੂ, ਸਥਾਨਕ ਸਰਕਾਰ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 02 ਮਿੰਟ ਲਈ ਬੋਲੇ।

## 4. ਪੰਜਾਬ ਜ਼ਰਾਇਤੀ ਪੈਦਾਵਾਰ ਮੰਡੀਆਂ (ਸੋਧਨਾ) ਬਿਲ, 2018

ਵਿੱਤ ਤੇ ਯੋਜਨਾ ਮੰਤਰੀ ਨੇ ਪੰਜਾਬ ਜ਼ਰਾਇਤੀ ਪੈਦਾਵਾਰ ਮੰਡੀਆਂ (ਸੋਧਨਾ) ਬਿਲ, 2018 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸ਼੍ਰੀ ਅਮਨ ਅਰੋੜਾ , ਆਮ ਆਦਮੀ ਪਾਰਟੀ | 03 ਮਿੰਟ |
| 2. | ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਸ਼੍ਰੋਮਣੀ ਅਕਾਲੀ ਦਲ | 04 ਮਿੰਟ |
| 3. | ਸਰਦਾਰ ਕੰਵਰ ਸੰਧੂ, ਆਮ ਆਦਮੀ ਪਾਰਟੀ | 04 ਮਿੰਟ |
| 4. | ਸ਼੍ਰੀ ਅਮਰਿੰਦਰ ਸਿੰਘ ਰਾਜਾ ਵੜਿੰਗ, ਇੰਡੀਅਨ ਨੈਸ਼ਨਲ ਕਾਂਗਰਸ | 02 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 4 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

Chief Reporter
Punjab Vidhan Sabha Sectt.
Chandigarh

Scanned by CamScanner

ਵਿੱਤ ਤੇ ਯੋਜਨਾ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਜ਼ਰਾਇਤੀ ਪੈਦਾਵਾਰ ਮੰਡੀਆਂ (ਸੋਧਨਾ) ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਤੇ ਯੋਜਨਾ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 02 ਮਿੰਟ ਲਈ ਬੋਲੇ।

5. ਪੰਜਾਬ ਖੇਤੀਬਾੜੀ ਸਬੰਧੀ ਕਰਜ਼ਦਾਰੀ ਦਾ ਨਿਪਟਾਰਾ (ਸੋਧਨਾ) ਬਿਲ, 2018

ਵਿੱਤ ਤੇ ਯੋਜਨਾ ਮੰਤਰੀ ਨੇ ਪੰਜਾਬ ਖੇਤੀਬਾੜੀ ਸਬੰਧੀ ਕਰਜ਼ਦਾਰੀ ਦਾ ਨਿਪਟਾਰਾ (ਸੋਧਨਾ) ਬਿਲ, 2018 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ। ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 04 ਮਿੰਟ |
| 2. | ਸਰਦਾਰ ਕੁਲਜੀਤ ਸਿੰਘ ਨਾਗਰਾ, ਇੰਡੀਅਨ ਨੈਸ਼ਨਲ ਕਾਂਗਰਸ | 06 ਮਿੰਟ |
| 3. | ਸਰਦਾਰ ਸੰਗਤ ਸਿੰਘ ਗਿਲਜ਼ੀਆਂ, ਇੰਡੀਅਨ ਨੈਸ਼ਨਲ ਕਾਂਗਰਸ | 02 ਮਿੰਟ |
| 4. | ਸ਼੍ਰੀ ਅਮਰਿੰਦਰ ਸਿੰਘ ਰਾਜਾ ਵੜਿੰਗ, ਇੰਡੀਅਨ ਨੈਸ਼ਨਲ ਕਾਂਗਰਸ | 02 ਮਿੰਟ |
| 5. | ਸਰਦਾਰ ਪਰਮਿੰਦਰ ਸਿੰਘ ਢੀਂਡਸਾ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |
| 6. | ਸਰਦਾਰ ਸੁਖਪਾਲ ਸਿੰਘ ਖਹਿਰਾ, ਆਮ ਆਦਮੀ ਪਾਰਟੀ | 02 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 4 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਵਿੱਤ ਤੇ ਯੋਜਨਾ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਪੰਜਾਬ ਖੇਤੀਬਾੜੀ ਸਬੰਧੀ ਕਰਜ਼ਦਾਰੀ ਦਾ ਨਿਪਟਾਰਾ (ਸੋਧਨਾ) ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਤੇ ਯੋਜਨਾ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 02 ਮਿੰਟ ਲਈ ਬੋਲੇ।

15. ਸਦਨ ਦਾ ਸਮਾਂ ਵਧਾਉਣਾ

ਮਾਨਯੋਗ ਸਪੀਕਰ ਵੱਲੋਂ ਸਦਨ ਦੀ ਸਹਿਮਤੀ ਨਾਲ ਅੱਜ ਦੀ ਬੈਠਕ ਦਾ ਸਮਾਂ ਅੱਜ ਦੀ ਕਾਰਵਾਈ ਖਤਮ ਹੋਣ ਤੱਕ ਵਧਾਇਆ ਗਿਆ।

ਇਸ ਉਪਰੰਤ ਸਦਨ ਮੰਗਲਵਾਰ, ਮਿਤੀ 28 ਅਗਸਤ, 2018 ਦੇ 10.00 ਵਜੇ ਸਵੇਰ ਤੱਕ ਸਥੱਗਿਤ ਹੋ ਗਿਆ।

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ ।

ਚੰਡੀਗੜ੍ਹ
27 ਅਗਸਤ, 2018

..............

28/8/18

Chief Reporter
Punjab Vidhan Sabha Sectt.
Chandigarh

Scanned by CamScanner